# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-05-2024**

- ਪੰਜਾਬ ਵਿਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਏ।
- ਪ੍ਰਧਾਨਮੰਤਰੀ ਨਰੇਂਦਰ ਮੋਦੀ 30 ਮਈ ਨੂੰ ਹੁਸ਼ਿਆਰਪੁਰ ਵਿਚ ਪਾਰਟੀ ਰੈਲੀ ਨੂੰ ਸੰਬੋਧਨ ਕਰਨਗੇ ਜਦਕਿ ਰਾਹੁਲ ਗਾਂਧੀ ਲੁਧਿਆਣਾ ਤੇ ਪਟਿਆਲਾ ਵਿਚ ਚੋਣ ਰੈਲੀਆਂ ਕਰਨਗੇ।
- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਸੂਬੇ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਮਗਰੋਂ ਲੋਕ ਨਿਰਾਸ਼ ਨੇ ਅਤੇ ਸੂਬੇ ਦਾ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੋ ਗਿਆ ਏ।

- ਮੌਸਮ ਵਿਭਾਗ ਨੇ ਆਉਂਦੇ ਦਿਨਾਂ ਵਿਚ ਤਾਪਮਾਨ ਵਿਚ ਕਮੀ ਦੀ ਸੰਭਾਵਨਾ ਦੱਸੀ।

---------------------------------------------------------------

ਪੰਜਾਬ ਵਿਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਏ। ਖੁੱਲ੍ਹੇ ਆਮ ਚੋਣ ਪ੍ਰਚਾਰ ਵਿਚ ਹੁਣ ਸਿਰਫ ਦੋ ਦਿਨ ਬਾਕੀ ਨੇ ਅਤੇ ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਪ੍ਰਚਾਰ ਵਿਚ ਰੁਝੇ ਹੋਏ ਨੇ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨਮੰਤਰੀ ਨਰੇਂਦਰ ਮੋਦੀ 30 ਮਈ ਨੂੰ ਹੁਸ਼ਿਆਰਪੁਰ ਵਿਚ ਪਾਰਟੀ ਉਮੀਦਵਾਰ ਅਨੀਤਾ ਸੋਮਾ ਪ੍ਰਕਾਸ਼ ਦੇ ਹੱਕ ਵਿਚ ਇਕ ਚੋਣ ਰੈਲੀ ਨੂੰ ਸੰਬੋਧਤ ਕਰਨਗੇ ਜਦਕਿ ਕਾਂਗਰਸ ਆਗੂ ਰਾਹੁਲ ਗਾਂਧੀ ਭਲਕੇ 29 ਮਈ ਨੂੰ ਲੁਧਿਆਣਾ ਤੇ ਪਟਿਆਲਾ ਵਿਚ ਚੋਣ ਰੈਲੀਆਂ ਨੂੰ ਸੰਬੋਧਨ ਕਰਨਗੇ। ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਸੀਨੀਅਰ ਆਗੂ ਤੇ ਪੰਜਾਬ ਦੇ ਮੁੱਖਮੰਤਰੀ ਭਗਵੰਤ ਸਿੰਘ ਮਾਨ ਵੀ ਚੋਣ ਪ੍ਰਚਾਰ ਵਿਚ ਪੂਰੀ ਤਰਾਂ ਨਾਲ ਰੁਝੇ ਹੋਏ ਨੇ। ਸ਼ਿਰੋਮਣੀ ਅਕਾਲੀ

ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਖ ਵੱਖ ਥਾਂਵਾਂ ਤੇ ਚੋਣ ਰੈਲੀਆਂ ਕਰ ਰਹੇ ਨੇ।

---------------------------------------------------

ਆਲ ਇੰਡੀਆ ਐਕਸ ਸਰਵਿਸਮੈਨ ਸਰਵਿਸ ਕੌਂਸਲ ਪੰਜਾਬ ਵੱਲੋਂ ਗੁਰਦਾਸਪੁਰ ਤੋਂ ਭਾਜਪਾ ਉਮੀਦਵਾਰ ਦੇ ਹੱਕ ਵਿੱਚ ਅੱਜ ਪਠਾਨਕੋਟ ਵਿਖੇ ਸਾਬਕਾ ਫੌਜ਼ੀਆਂ ਦੀ ਇਕ ਰੈਲੀ ਕੀਤੀ ਗਈ। ਇਸ ਮੌਕੇ ਭਜਾਪ ਦੇ ਸੀਨੀਅਰ ਆਗੂ ਅਤੇ ਸਾਬਕਾ ਥਲ ਸੈਨਾ ਮੁਖੀ ਰਿਟਾਇਰ ਜਨਰਲ ਵੀ.ਕੇ.ਸਿੰਘ ਨੇ ਕਿਹਾ ਕਿ ਅਗਨੀਵੀਰ ਯੋਜਨਾ ਤਹਿਤ ਭਰਤੀ ਕੈਡਿਟਾਂ ਨੂੰ ਪੱਕੇ ਤੌਰ 'ਤੇ ਬਰਕਰਾਰ ਰੱਖਣ ਦੀ ਯੋਜਨਾ 'ਤੇ ਕੰਮ ਕੀਤਾ ਜਾ ਰਿਹਾ ਏ। ਉਨਾਂ ਕਿਹਾ ਕਿ 'ਵਨ ਰੈਂਕ ਵਨ ਪੈਨਸ਼ਨ' ਦੀਆਂ ਕਮੀਆਂ ਨੂੰ ਚੋਣਾਂ ਤੋਂ ਤੁਰੰਤ ਬਾਅਦ ਠੀਕ ਕੀਤਾ ਜਾਵੇਗਾ।

---------------------------------------------------

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੀ ਦੇਰ ਸ਼ਾਮ ਸੰਗਰੂਰ ਤੋਂ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਲਈ ਉਨ੍ਹਾਂ ਦੇ ਵਿਧਾਨ ਸਭਾ ਹਲਕਾ ਬਰਨਾਲਾ ਵਿੱਚ ਚੋਣ

ਪ੍ਰਚਾਰ ਕੀਤਾ। ਉਨਾਂ ਮੀਤ ਹੇਅਰ ਦੇ ਨਾਲ ਇਕ ਰੋਡ ਸ਼ੋ ਕੱਢਿਆ। ਉਨਾਂ ਕਿਹਾ ਕਿ ਕੇਂਦਰ ਵਿੱਚ ਇੰਡੀਆ ਗੱਠਜੋੜ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਮੀਤ ਹੇਅਰ ਇੱਕ ਨੌਜਵਾਨ, ਇਮਾਨਦਾਰ ਅਤੇ ਤਜਰਬੇਕਾਰ ਆਗੂ ਨੇ ਅਤੇ ਉਨ੍ਹਾਂ ਨੂੰ ਸਰਕਾਰ ਵਿੱਚ ਯਕੀਨੀ ਤੌਰ 'ਤੇ ਅਹਿਮ ਜ਼ਿੰਮੇਵਾਰੀ ਮਿਲੇਗੀ। ਮਾਨ ਨੇ ਲੋਕਾਂ ਦੀ ਮੰਗ 'ਤੇ ਆਪਣੀ ਮਸ਼ਹੂਰ ਕਿੱਕਲੀ ਵੀ ਸੁਣਾਈ।

--------------------------------------------------

ਪਠਾਨਕੋਟ ਵਿੱਚ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਰੋਡ ਸ਼ੋ ਤੋਂ ਪਹਿਲਾਂ ਮਾਹੌਲ ਤਨਾਵਪੂਰਨ ਹੋਇਆ ਜਦੋਂ ਸ਼ਹਿਰ ਵਿੱਚ ਸਰਕਾਰੀ ਥਾਵਾਂ ਅਤੇ ਪੋਲਾਂ ਉੱਤੇ ਹੋਰਡਿੰਗ ਤੇ ਬੈਨਰ ਲਾਏ ਜਾਣ ਨੂੰ ਲੈ ਕੇ ਭਾਜਪਾ ਅਤੇ ਆਪ ਵਰਕਰ ਆਹਮੋ ਸਾਹਮਣੇ ਹੋ ਗਏ। ਭਾਜਪਾ ਵਿਧਾਇਕ ਅਸ਼ਵਨੀ ਕੁਮਾਰ ਸ਼ਰਮਾ ਨੇ ਵਾਲਮੀਕੀ ਚੌਕ ਵਿਖੇ ਧਰਨਾ ਦਿੱਤਾ। ਉਨਾਂ ਕਿਹਾ ਕਿ ਚੋਣ ਜ਼ਾਬਤੇ ਦੀ ਉਲੰਘਣਾ ਕਰਕੇ ਸ਼ਹਿਰ ਵਿੱਚ ਹੋਰਡਿੰਗਸ ਅਤੇ ਬੈਨਰ ਆਮ ਆਦਮੀ ਪਾਰਟੀ ਵੱਲੋਂ ਲਗਾਏ ਗਏ ਨੇ ਅਤੇ ਪ੍ਰਸ਼ਾਸਨ ਨੇ ਇਸ ਨੂੰ ਹਟਾਉਣ ਲਈ ਕੋਈ

ਕਾਰਵਾਈ ਨਹੀਂ ਕੀਤੀ ਏ। ਉਨਾਂ ਦੋਸ਼ ਲਾਉਂਦਿਆ ਕਿਹਾ ਕਿ ਭਾਜਪਾ ਦੀਆਂ ਝੰਡੀਆਂ ਤੇ ਬੈਨਰ ਹਟਾਏ ਜਾ ਰਹੇ ਨੇ ਪਰ ਸੱਤਾਧਾਰੀ ਪਾਰਟੀ ਤੇ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ ਏ। ਇਸ ਧਰਨੇ ਦੀ  ਜਾਣਕਾਰੀ ਮਿਲਦਿਆਂ ਹੀ ਮੌਕੇ ਤੇ ਆਮ ਆਦਮੀ ਪਾਰਟੀ ਦੇ ਆਗੂ ਵੀ ਪਹੁੰਚੇ ਤੇ ਉਨਾਂ ਭਾਜਪਾ ਵਿਰੋਧੀ ਨਾਰੇਬਾਜੀ ਸ਼ੁਰੂ ਕਰ ਦਿੱਤੀ। ਕਰੀਬ ਇੱਕ ਘੰਟੇ ਤੱਕ ਦੋਹਾਂ ਪੱਖਾਂ ਵਿੱਚ ਨਾਰੇਬਾਜੀ ਚਲਦੀ ਰਹੀ । ਬਾਅਦ ਵਿੱਚ ਐਸ.ਐਸ. ਪੀ ਸੁਹੇਲ ਮੀਰ ਨੇ ਮੌਕੇ ਤੇ ਪਹੁੰਚ ਕੇ ਨਗਰ ਨਿਗਮ ਵੱਲੋਂ ਕਾਰਵਾਈ ਦਾ ਭਰੋਸਾ ਦੇ ਕੇ ਭਾਜਪਾ ਨੇਤਾਵਾਂ ਨੂੰ ਸ਼ਾਂਤ ਕੀਤਾ।

----------------------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਬਜ਼ੁਰਗਾਂ ਤੇ ਦਿਵਆਂਗਾਂ ਦੀਆਂ ਵੋਟਾਂ ਪਵਾਉਣ ਦਾ ਸਿਲਸਿਲਾ ਚਲ ਰਿਹਾ ਏ। ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਹਲਕੇ ਦੇ ਸਹਾਇਕ ਰਿਟਰਨਿੰਗ ਅਫ਼ਸਰ ਡਾ. ਸ੍ਰੀ ਸੰਜੀਵ ਕੁਮਾਰ  ਦੀ ਅਗਵਾਈ ਵਿਚ 85 ਸਾਲ ਤੋਂ ਵੱਧ ਉਮਰ ਅਤੇ ਦਿਵਿਆਂਗ ਵੋਟਰਾਂ ਨੇ ਲੋਕ ਸਭਾ ਚੋਣ ਹਲਕਾ ਫਿਰੋਜ਼ਪੁਰ ਵਿੱਚ ਡੋਰ ਟੂ ਡੋਰ ਵੋਟਿੰਗ ਦੋਰਾਨ ਭਾਰੀ ਉਤਸ਼ਾਹ ਨਾਲ ਵੋਟਾਂ ਪਾਈਆਂ। ਪੋਸਟਲ ਬੈਲਟ ਪੇਪਰ

ਨੋਡਲ ਅਫ਼ਸਰ ਗੁਰਲਾਲ ਸਿੰਘ ਨੇ ਦੱਸਿਆ ਕਿ ਇਨ੍ਹਾਂ ਵੋਟਰਾਂ ਤੋਂ ਪਹਿਲਾਂ ਫਾਰਮ 12D ਭਰਾਏ ਗਏ ਅਤੇ ਕੁੱਲ 241 ਵੋਟਰਾਂ ਨੇ ਬੈਲਟ ਪੇਪਰ ਰਾਹੀਂ ਵੋਟ ਪਾਉਣ ਦੀ ਇੱਛਾ ਜਾਹਿਰ ਕੀਤੀ । ਟੀਮਾਂ ਨੇ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਦੋ ਦਿਨ ਵਿੱਚ ਵੋਟਾਂ ਦਾ ਕੰਮ ਮੁਕੰਮਲ ਕਰ ਲਿਆ ਅਤੇ 222 ਵੋਟਰਾਂ ਨੇ ਰਿਕਾਰਡ ਤੋੜ ਵੋਟਿੰਗ ਕੀਤੀ ਅਤੇ ਇਸ ਤਰ੍ਹਾਂ 92 ਇਸ਼ਾਰਿਆ 11 ਫੀਸਦ ਪੋਲਿੰਗ ਦਰਜ਼ ਕੀਤੀ ਗਈ।

------------------------------------------------------------

ਸੁਪਰੀਮ ਕੋਰਟ ਨੇ ਦਿੱਲੀ ਆਬਕਾਰੀ ਘੁਟਾਲਾ ਮਾਮਲੇ ਵਿੱਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਇੱਕ ਹਫ਼ਤੇ ਹੋਰ ਵਧਾਉਣ ਦੀ ਮੰਗ ’ਤੇ ਤੁਰੰਤ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ ਏ । ਸੁਪਰੀਮ ਕੋਰਟ ਦੀ ਵੈਕੇਸ਼ਨ ਬੈਂਚ ਨੇ ਦੇਰ ਨਾਲ ਆਈ ਅਰਜ਼ੀ 'ਤੇ ਵੀ ਸਵਾਲ ਚੁਕੇ ਨੇ। ਅਦਾਲਤ ਨੇ ਕਿਹਾ ਕਿ ਸੁਣਵਾਈ ਲਈ ਬੇਨਤੀ ਚੀਫ਼ ਜਸਟਿਸ ਨੂੰ ਕੀਤੀ ਜਾਵੇ ਅਤੇ ਮੁੱਖ ਕੇਸ ਦੀ ਸੁਣਵਾਈ

ਕਰ ਰਹੀ ਬੈਂਚ ਦੇ ਇੱਕ ਮੈਂਬਰ ਪਿਛਲੇ ਹਫ਼ਤੇ ਛੁੱਟੀਆਂ ਵਾਲੇ ਬੈਂਚ ਵਿੱਚ ਸਨ ਤਾਂ ਇਹ ਮੰਗ ਉਨਾਂ ਕੋਲ ਕਿਉਂ ਨਹੀਂ ਰੱਖੀ ਗਈ?

----------------------------------------------------------------

ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਸੂਬੇ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਮਗਰੋਂ ਆਮ ਆਦਮੀ ਨਿਰਾਸ਼ ਏ ਅਤੇ ਸੂਬੇ ਦਾ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੋ ਗਿਆ ਏ। ਜਲੰਧਰ ਵਿਚ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਇਹ ਸਰਕਾਰ ਹਰ ਮੋਰਚੇ ਤੇ ਨਾਕਾਮ ਰਹੀ ਏ ਅਤੇ ਸੂਬੇ ਦੀ ਕ਼ਾਨੂਨ ਵਿਵਸਥਾ ਦੀ ਸਥਿਤੀ ਲਗਾਤਾਰ ਖ਼ਰਾਬ ਹੋ ਰਹੀ ਏ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਸਮੇਂ ਕਈ ਗਾਰੰਟੀਆਂ ਲੋਕਾਂ ਨੂੰ ਦਿੱਤੀਆਂ ਸਨ ਪਾਰ ਇਹ ਸਰਕਾਰ ਇਨਾਂ ਨੂੰ ਪੂਰਾ ਕਰਨ ਵਿਚ ਨਾਕਾਮ ਰਹੀ ਏ। ਸੁਨੀਲ ਜਾਖੜ ਨੇ ਕਿਹਾ ਕਿ ਕਿਸਾਨਾਂ ਵਲੋਂ ਭਾਜਪਾ ਉਮੀਦਵਾਰਾਂ ਖਿਲਾਫ ਪ੍ਰਦਰਸ਼ਨ ਕਰਨ ਵੀ ਪੂਰੀ ਤਰਾਂ ਨਾਲ ਗ਼ਲਤ ਏ। ਉਨਾਂ ਕਿਹਾ ਕਿ ਪ੍ਰਦਰਸ਼ਨ ਕਰਨ ਵਾਲੇ ਕਿਸਾਨ ਨਹੀਂ ਬਲਕਿ ਸਿਆਸੀ ਪਾਰਟੀਆਂ ਨਾਲ ਸੰਬੰਧਤ ਲੋਕ ਨੇ। ਸੁਨੀਲ ਜਾਖੜ ਨੇ

ਦੱਸਿਆ ਕਿ ਪ੍ਰਧਾਨਮੰਤਰੀ ਕੋਲ ਉਨਾਂ ਪੰਜਾਬ ਦੀ ਨਸਲ ਤੇ ਫਸਲ ਨੂੰ ਬਚਾਉਣ ਦੇ ਮੁੱਦੇ ਰੱਖੇ ਨੇ। ਸੂਬੇ ਦੇ ਇਕ ਮੰਤਰੀ ਦੀ ਵਾਇਰਲ ਹੋਈ ਕਥਿਤ ਅਸ਼ਲੀਲ ਵੀਡੀਓ ਬਾਰੇ ਉਨਾਂ ਕਿਹਾ ਕਿ ਮੁੱਖਮੰਤਰੀ ਨੂੰ ਇਸ ਬਾਰੇ ਆਪਣਾ ਪੱਖ ਲੋਕਾਂ ਸਾਹਮਣੇ ਰੱਖਣਾ ਚਾਹੀਦਾ ਏ ਅਤੇ ਮੰਤਰੀ ਖਿਲਾਫ ਕਾਰਵਾਈ ਕਰਨੀ ਚਾਹੀਦੀ ਏ।

---------------------------------------------------

ਇੰਟਰੋ: ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਦੇ ਜ਼ੋਰ ਵਿਚ ਫਿਲਹਾਲ ਕਮੀ ਆਉਣ ਦੇ ਕੋਈ ਆਸਾਰ ਨਹੀਂ ਨੇ। ਮੌਸਮ ਵਿਭਾਗ ਅਨੁਸਾਰ 30 ਮਈ ਤੇ ਪਹਿਲੀ ਜੂਨ ਨੂੰ ਕੀਤੇ ਕੀਤੇ ਹਨੇਰੀ ਝੱਖੜ ਦੇ ਨਾਲ ਬੂੰਦਾਬਾਂਦੀ ਹੋ ਸਕਦੀ ਏ। ਜਿਸ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ ਪਰ ਇਸ ਵੇਲੇ ਸਵੇਰ ਤੋਂ ਹੀ ਵਗਦੇ ਲੂ ਦੇ ਥਪੇੜੇ ਹਰ ਕਿਸੇ ਨੂੰ ਪਰੇਸ਼ਾਨ ਕਰ ਰਹੇ ਨੇ ਅਤੇ ਆਮ ਜਨਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਬਠਿੰਡਾ ਵਿੱਖੇ ਕਲ ਵੱਧ ਤੋਂ ਵੱਧ ਤਾਪਮਾਨ 48 ਇਸ਼ਰੀਆ 4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ

ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ। **ਹੋਰ ਵੇਰਵੇ ਨਾਲ ਇਹ ਰਿਪੋਰਟ ---**

***ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ,***

***ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੈਂਬ੍ਰਾਂ ਦਾ ਬਚਾਵ ਕੀਤਾ ਜਾ ਸਕਦਾ ਏ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਵੱਖ-ਵੱਖ ਸਿਆਸੀ ਪਾਰਟੀਆਂ ਦੇ ਸੈਂਕੜੇ ਵਰਕਰ ਅੱਜ ਪਟਿਆਲਾ ਵਿਚ ਭਾਰਤੀ ਜਨਤਾ ਪਾਰਟੀ 'ਚ ਸ਼ਾਮਲ ਹੋ ਗਏ । ਭਾਜਪਾ ਪਰਿਵਾਰ ਦਾ ਹਿੱਸਾ ਬਣੇ ਇਨ੍ਹਾਂ ਨਵੇਂ ਮੈਂਬਰਾਂ ਦਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈਇੰਦਰ ਕੌਰ ਨੇ ਸਿਰੋਪਾ ਪਾ ਕੇ ਸਵਾਗਤ ਕੀਤਾ । ਆਮ ਆਦਮੀ ਪਾਰਟੀ ਛੱਡਣ ਵਾਲਿਆਂ ਵਿਚ ਹਿਮਾਂਸ਼ੂ ਬਿਆਸ ਤੋਂ ਇਲਾਵਾ ਉਨਾਂ ਦੇ ਕਈ ਸਾਥੀ ਰਹੇ । ਦੂਜੇ ਪਾਸੇ ਭਾਰਤੀ ਜਨਤਾ ਪਾਰਟੀ ਦੇ ਸਨੌਰ ਇਲਾਕਾ ਇੰਚਾਰਜ ਬਿਕਰਮ ਇੰਦਰਜੀਤ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਭੁੱਨਰਹੇੜੀ ਦੇ ਸਰਪੰਚ ਵਕੀਲ ਮਸ਼ਾਲ ਸਮੇਤ ਕਈ ਪਤਵੰਤੇ ਵੀ

ਕਾਂਗਰਸ ਤੇ ਅਕਾਲੀ ਦਲ ਛੱਡ ਕੇ ਜੈਇੰਦਰ ਕੌਰ ਦੀ ਹਾਜ਼ਰੀ ਵਿੱਚ ਭਾਜਪਾ ਪਰਿਵਾਰ ਦਾ ਹਿੱਸਾ ਬਣੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਨ ਆਜ਼ਾਦੀ ਘੁਲਾਟੀਏ ਵੀਰ ਸਾਵਰਕਰ ਨੂੰ ਅੱਜ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵੀਰ ਸਾਵਰਕਰ, ਜਿਨ੍ਹਾਂ ਨੇ ਆਪਣਾ ਜੀਵਨ ਮਾਤ ਭੂਮੀ ਦੀ ਸੇਵਾ ਵਿੱਚ ਸਮਰਪਿਤ ਕੀਤਾ, ਦੇਸ਼ ਵਾਸੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਬਣੇ ਰਹਿਣਗੇ।

---------------------------------------------------------------

- ਪੰਜਾਬ ਵਿਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਏ।

- ਪ੍ਰਧਾਨਮੰਤਰੀ ਨਰੇਂਦਰ ਮੋਦੀ 30 ਮਈ ਨੂੰ ਹੁਸ਼ਿਆਰਪੁਰ ਵਿਚ ਪਾਰਟੀ ਰੈਲੀ ਨੂੰ ਸੰਬੋਧਨ ਕਰਨਗੇ ਜਦਕਿ ਰਾਹੁਲ ਗਾਂਧੀ ਲੁਧਿਆਣਾ ਤੇ ਪਟਿਆਲਾ ਵਿਚ ਚੋਣ ਰੈਲੀਆਂ ਕਰਨਗੇ।
- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਸੂਬੇ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਮਗਰੋਂ ਲੋਕ ਨਿਰਾਸ਼ ਨੇ ਅਤੇ ਸੂਬੇ ਦਾ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੋ ਗਿਆ ਏ।
- ਮੌਸਮ ਵਿਭਾਗ ਨੇ ਆਉਂਦੇ ਦਿਨਾਂ ਵਿਚ ਤਾਪਮਾਨ ਵਿਚ ਕਮੀ ਦੀ ਸੰਭਾਵਨਾ ਦੱਸੀ।